ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਹਲਾਤਾਂ ਦੇ ਮੱਦੇਨਜ਼ਰ ਅਬੋਹਰ ਸ਼ਹਿਰ 'ਚ ਕਰਫਿਊ ਲਗਾਉਣ ਦੇ ਆਦੇਸ਼

ਰਾਤ 9 ਵਜੇ ਤੋਂ ਸਵੇਰੇ 10 ਵਜੇ ਤੱਕ ਰਹੇਗਾ ਕਰਫਿਊ

ਫਾਜ਼ਿਲਕਾ/ਅਬੋਹਰ 25 ਅਗਸਤ

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਈਸ਼ਾ ਕਾਲੀਆ ਨੇ ਫੌਜ਼ਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤਾ ਹੈ ਕਿ ਅਬੋਹਰ ਸ਼ਹਿਰ ਵਿਖੇ ਸੰਵੇਦਨਸ਼ੀਲ ਹਾਲਾਤਾਂ ਦੇ ਮੱਦੇਨਜ਼ਰ 25 ਅਗਸਤ ਨੂੰ ਰਾਤ 9 ਵਜੇ ਤੋਂ ਸਵੇਰੇ 10 ਵਜੇ ਤੱਕ ਕਰਫਿਊ ਜਾਰੀ ਰਹੇਗਾ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹਾ ਫਾਜ਼ਿਲਕਾ ਵਿੱਚ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਸਿਰਫ ਅਬੋਹਰ ਸ਼ਹਿਰ ਵਿਖੇ ਕਰਫਿਊ ਲਗਾਉਣ ਦਾ ਆਦੇਸ਼ ਦਿੱਤਾ ਗਿਆ ਹੈ। ਜਾਰੀ ਹੁਕਮਾਂ 'ਚ ਉਨ੍ਹਾਂ ਨੇ ਕਿਹਾ ਕਿ ਇਹ ਆਦੇਸ਼ ਪੁਲਿਸ, ਡਿਊਟੀ ਮੈਜਿਸਟ੍ਰੇਟ, ਜ਼ਿਲ੍ਹਾ ਪ੍ਰਸ਼ਾਸਨ, ਉਚ ਅਥਾਰਟੀ ਜਾਂ ਅਫਸਰ ਵੱਲੋਂ ਤੈਨਾਤ ਕੀਤੇ ਗਏ ਡਿਊਟੀ ਸਟਾਫ ਉੱਤੇ ਲਾਗੂ ਨਹੀਂ ਹੋਵੇਗਾ।